**ਗਉੜੀ ਮਾਝ ਮਹਲਾ ੪ ॥ ਚੋਜੀ ਮੇਰੇ ਗੋਵਿੰਦਾ ਚੋਜੀ ਮੇਰੇ ਪਿਆਰਿਆ ਹਰਿ ਪ੍ਰਭੁ ਮੇਰਾ ਚੋਜੀ ਜੀਉ ॥ ਹਰਿ ਆਪੇ ਕਾਨ੍ਹ੍ਹੁ ਉਪਾਇਦਾ ਮੇਰੇ ਗੋਵਿਦਾ ਹਰਿ ਆਪੇ ਗੋਪੀ ਖੋਜੀ ਜੀਉ ॥ ਹਰਿ ਆਪੇ ਸਭ ਘਟ ਭੋਗਦਾ ਮੇਰੇ ਗੋਵਿੰਦਾ ਆਪੇ ਰਸੀਆ ਭੋਗੀ ਜੀਉ ॥ ਹਰਿ ਸੁਜਾਣੁ ਨ ਭੁਲਈ ਮੇਰੇ ਗੋਵਿੰਦਾ ਆਪੇ ਸਤਿਗੁਰੁ ਜੋਗੀ ਜੀਉ ॥੧॥**

ਪਦਅਰਥ:- ਚੋਜੀ—ਮੌਜੀ, ਆਪਣੀ ਮਰਜ਼ੀ ਦੇ ਕੰਮ ਕਰਨ ਵਾਲਾ। ਕਾਨ੍ਹ੍ਹੁ—ਕ੍ਰਿਸ਼ਨ। ਗੋਪੀ—ਗਵਾਲਣ। ਖੋਜੀ—(ਕ੍ਰਿਸ਼ਨ ਨੂੰ) ਲੱਭਣ ਵਾਲੀ। ਸਭ ਘਟ—ਸਾਰੇ ਸਰੀਰ। ਰਸੀਆ—ਮਾਇਕ ਪਦਾਰਥਾਂ ਦੇ ਰਸ ਲੈਣ ਵਾਲਾ। ਭੋਗੀ—ਪਦਾਰਥਾਂ ਨੂੰ ਭੋਗਣ ਵਾਲਾ। ਸੁਜਾਣੁ—ਬਹੁਤ ਸਿਆਣਾ। ਜੋਗੀ—ਭੋਗਾਂ ਤੋਂ ਵਿਰਕਤ।1।

ਅਰਥ:- ਹੇ ਮੇਰੇ ਪਿਆਰੇ! ਹੇ ਮੇਰੇ ਗੋਵਿੰਦ! ਤੂੰ ਆਪਣੀ ਮਰਜ਼ੀ ਦੇ ਕੰਮ ਕਰਨ ਵਾਲਾ ਮੇਰਾ ਹਰਿ-ਪ੍ਰਭੂ ਹੈਂ। ਹਰੀ ਆਪ ਹੀ ਕ੍ਰਿਸ਼ਨ ਨੂੰ ਪੈਦਾ ਕਰਨ ਵਾਲਾ ਹੈ, ਹਰੀ ਆਪ ਹੀ (ਕ੍ਰਿਸ਼ਨ ਨੂੰ) ਲੱਭਣ ਵਾਲੀ ਗਵਾਲਣ ਹੈ। ਸਭ ਸਰੀਰਾਂ ਵਿਚ ਵਿਆਪਕ ਹੋ ਕੇ ਹਰੀ ਆਪ ਹੀ ਸਭ ਪਦਾਰਥਾਂ ਨੂੰ ਭੋਗਦਾ ਹੈ, ਹਰੀ ਆਪ ਹੀ ਸਾਰੇ ਮਾਇਕ ਪਦਾਰਥਾਂ ਦੇ ਰਸ ਲੈਣ ਵਾਲਾ ਹੈ, ਆਪ ਹੀ ਭੋਗਣ ਵਾਲਾ ਹੈ। (ਪਰ) ਹਰੀ ਬਹੁਤ ਸਿਆਣਾ ਹੈ, (ਸਭ ਪਦਾਰਥਾਂ ਨੂੰ ਭੋਗਣ ਵਾਲਾ ਹੁੰਦਿਆਂ ਭੀ ਉਹ) ਭੁੱਲਦਾ ਨਹੀਂ, ਉਹ ਹਰੀ ਆਪ ਹੀ ਭੋਗਾਂ ਤੋਂ ਨਿਰਲੇਪ ਸਤਿਗੁਰੂ ਹੈ।1।